ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ ਏ ਐਸ ਨਗਰ

ਕੰਪ:ਪੰ.ਸ.ਸ.ਬ, ਈ-ਬਲਾਕ, 6ਵੀਂ ਮੰਜ਼ਿਲ, ਫੇਜ਼-8, ਸਅਸ ਨਗਰ

**(ਪਬਲਿਕ ਨੋਟਿਸ)**

ਮੀਮੋ ਨੰ: ਟਰਾਂਸਫਰਸੈੱਲ/2025666102/11 ਮਿਤੀ:ਐਸ ਏ ਐਸ ਨਗਰ: 06-10-2025

1.0 ਪੰਜਾਬ ਸਰਕਾਰ ਸਿੱਖਿਆ ਵਿਭਾਗ ਦੇ ਪੱਤਰ ਨੰ: 11/35/2018 1Edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਅਤੇ ਉਸ ਉਪਰੰਤ ਸਮੇਂ-2 ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ।

2.0 ਸਿੱਖਿਆ ਵਿਭਾਗ ਵੱਲੋਂ ਜਾਰੀ ਅਧਿਸੂਚਨਾ SED-EDU6021/2/2023-1ਸਿ6/30 ਮਿਤੀ 26.02.2024 ਰਾਹੀਂ Exempted Category ਅਧੀਨ ਕਵਰ ਹੋਣ ਵਾਲੇ ਪ੍ਰਾਇਮਰੀ ਵਿੰਗ ਨਾਲ ਸਬੰਧਤ ਅਧਿਆਪਕ (ਈਟੀਟੀ, ਹੈੱਡ ਟੀਚਰ ਅਤੇ ਸੈਂਟਰ ਹੈੱਡ ਟੀਚਰ) ਨੂੰ ਬਦਲੀ ਲਈ ਮੌਕਾ ਦਿੱਤਾ ਜਾਂਦਾ ਹੈ। ਜੋ ਅਧਿਆਪਕ ਪਾਲਿਸੀ ਅਨੁਸਾਰ Exempted Category ਅਧੀਨ ਕਵਰ ਹੁੰਦੇ ਹਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਹਨ, ਉਹ ਆਪਣੇ ਵੇਰਵੇ ਜਿਵੇਂ ਕਿ General Details, Results, Service Record ਮਿਤੀ 08-10-2025 ਤੋਂ 12-10-2025 ਤੱਕ Epunjabschoolportal ਤੇ ਆਪਣੇ employee login id ਤੇ Login ਕਰਕੇ ਭਰ ਸਕਦੇ ਹਨ। ਵੇਰਵੇ ਕੇਵਲ Online ਹੀ ਭਰੇ ਜਾ ਸਕਦੇ ਹਨ।

3.0 ਉਕਤ ਅਨੁਸਾਰ ਅਪਲਾਈ ਕਰਨ ਸਮੇਂ ਅਧਿਆਪਕ ਆਪਣੀ ਕੈਟਾਗਰੀ ਸਬੰਧੀ ਦਸਤਾਵੇਜ ਨਾਲ ਨੱਥੀ ਕਰਨਗੇ। ਦਸਤਾਵੇਜ ਨੱਥੀ ਨਾ ਕਰਨ ਦੀ ਸੂਰਤ ਵਿੱਚ ਉਨਾਂ ਦੀ ਬੇਨਤੀ ਨੂੰ ਵਿਚਾਰਿਆ ਨਹੀਂ ਜਾਵੇਗਾ। Exempted Category ਦੇ ਸਰਟੀਫਿਕੇਟ/ਦਸਤਾਵੇਜ ਧਿਆਨਪੂਰਵਕ ਅਪਲੋਡ ਕੀਤੇ ਜਾਣ ਅਤੇ ਸਰਟੀਫਿਕੇਟ ਅਪਲੋਡ ਕਰਨ ਤੋਂ ਬਾਅਦ ਇੱਕ ਵਾਰ ਡਾਊਨਲੋਡ ਕਰਕੇ ਚੈੱਕ ਕੀਤਾ ਜਾਵੇ, ਜੇਕਰ ਸਰਟੀਫਿਕੇਟ ਡਾਊਨਲੋਡ ਨਹੀਂ ਹੁੰਦਾ ਤਾਂ ਦੂਜੀ ਵਾਰ ਸਹੀ ਤਰੀਕੇ ਨਾਲ ਸਰਟੀਫਿਕੇਟ/ਦਸਤਾਵੇਜ ਅਪਲੋਡ ਕੀਤਾ ਜਾਵੇ।। ਇਸ ਸਬੰਧੀ ਬਦਲੀ ਲਈ ਬੇਨਤੀਆਂ ਕੇਵਲ Online ਹੀ ਵਿਚਾਰੀਆਂ ਜਾਣਗੀਆਂ, ਆਫਲਾਈਨ ਵਿਧੀ ਰਾਹੀਂ ਪ੍ਰਾਪਤ ਪ੍ਰਤੀਬੇਨਤੀਆਂ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ।

4.0 ਦਰਖਾਸਤ ਕਰਤਾਵਾ ਵੱਲੋਂ ਆਪਣੀ ਪ੍ਰਤੀਬੇਨਤੀਆਂ ਸਬੰਧੀ ਵੱਖ-2 Modules ਭਰੇ ਜਾਣੇ ਹਨ, ਜੋ ਕਿ ਹੇਠ ਲਿਖੇ ਅਨੁਸਾਰ ਹਨ:-

(i) Update General Details

(ii) Update Results

(iii) Update Service Record

ਉਪਰੋਕਤ modules ਵਿੱਚ ਮੁਕੰਮਲ ਵੇਰਵੇ ਭਰਨ ਉਪਰੰਤ Approve Data ਦਾ Button ਕਲਿਕ ਕੀਤਾ ਜਾਣਾ ਹੈ।

5.0 ਪ੍ਰਾਇਮਰੀ ਵਿੰਗ ਨਾਲ ਸਬੰਧਤ ਅਧਿਆਪਕ (ਈਟੀਟੀ, ਹੈੱਡ ਟੀਚਰ ਅਤੇ ਸੈਂਟਰ ਹੈੱਡ ਟੀਚਰ) ਜਿਨ੍ਹਾਂ ਨੇ ਵੱਖ-2 ਜੋਨਾਂ ਵਿੱਚ ਸੇਵਾ ਕੀਤੀ ਹੈ, ਉਹ ਡਾਟਾ Approve ਕਰਨ ਤੋਂ ਪਹਿਲਾਂ ਇਸ ਗੱਲ ਦਾ ਵਿਸ਼ੇਸ ਧਿਆਨ ਰੱਖਣ ਕਿ ਉਨ੍ਹਾਂ ਵੱਲੋਂ ਵੱਖ-2 ਜੋਨਾਂ ਵਿੱਚ ਕੀਤੀ ਸੇਵਾ ਅਤੇ ਸਿੱਖਿਆ ਵਿਭਾਗ ਵਿੱਚ ਕੀਤੀ ਗਈ ਕੁੱਲ ਸੇਵਾ ਦੇ ਸਮੇਂ ਵਿੱਚ ਅੰਤਰ ਨਹੀਂ ਹੋਣਾ ਚਾਹੀਦਾ। ਜੇਕਰ ਕਿਸੇ ਕਾਰਨ ਅੰਤਰ ਹੈ ਤਾਂ ਉਹ ਇਸ ਸਬੰਧੀ Remarks ਦੇਣਗੇ। Remarks ਵਿੱਚ ਠੋਸ ਕਾਰਨ ਨਾ ਹੋਣ ਦੀ ਸੂਰਤ ਵਿੱਚ ਸਬੰਧਤ ਨੂੰ ਬਦਲੀ ਲਈ ਨਹੀਂ ਵਿਚਾਰਿਆ ਜਾਵੇਗਾ।

6.0 ਬਦਲੀ ਸਬੰਧੀ ਦਰਖਾਸਤਾਂ ਵਿੱਚ ਭਰੇ ਗਏ ਡਾਟੇ ਨੂੰ Approve Data ਦਾ ਬਟਨ ਕਲਿੱਕ ਕਰਨ ਤੋਂ ਬਾਅਦ ਵੀ ਅੰਤਿਮ ਮਿਤੀ 12.10.2025 ਤੱਕ Data Editing ਜਿੰਨੀ ਵਾਰ ਮਰਜੀ ਕੀਤੀ ਜਾ ਸਕੇਗੀ। ਪ੍ਰੰਤੂ ਅੰਤਿਮ ਮਿਤੀ ਉਪਰੰਤ ਡਾਟੇ ਵਿੱਚ ਕੋਈ ਤਬਦੀਲੀ ਨਹੀਂ ਹੋ ਸਕੇਗੀ।

7.0 ਅਧੂਰੇ ਜਾਂ ਗਲਤ ਵੇਰਵੇ ਪਾਏ ਜਾਣ ਤੇ ਸਬੰਧਤ ਦੀ ਬਦਲੀ ਦੀ ਬੇਨਤੀ ਤੇ ਵਿਚਾਰ ਨਹੀਂ ਕੀਤਾ ਜਾਵੇਗਾ। ਸਟੇਸ਼ਨ ਚੁਆਇਸ ਲੈਣ ਲਈ ਵੱਖਰੇ ਤੌਰ ਤੇ ਜਨਤਕ ਸੂਚਨਾ ਜਾਰੀ ਕੀਤੀ ਜਾਵੇਗੀ।

8.0 ਬਦਲੀਆਂ ਲਈ ਸਾਲ 2023-24 ਦੀ ACR ਵਿਚਾਰੀ ਜਾਵੇਗੀ। ਜੇਕਰ ਕਿਸੇ ਕਾਰਨ ਕਰਕੇ ਸਾਲ 2023-24 ਦੀ ਏ.ਸੀ.ਆਰ ਨਹੀਂ ਲਿਖੀ ਗਈ ਤਾਂ ਉਸ ਤੋਂ ਪਿਛਲੇ ਸਾਲ ਦੀ ਏ.ਸੀ.ਆਰ ਦੇ ਨੰਬਰ ਭਰੇ ਜਾਣ।

9.0 ਜੇਕਰ ਬਦਲੀ ਲਈ ਆਨਲਾਈਨ ਬੇਨਤੀ ਕਰਨ ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ epunjabschoolportal ਤੇ ਉਪਲਬਧ ਹੈ।

**ਸਹਾਇਕ ਡਾਇਰੈਕਟਰ (ਅਮਲਾ-1)**